ਅਜੀਤ ਬਠਿੰਡਾ
ਫਿਰੋਜ਼ਪੁਰ ਅਜੀਤ
ਸੋਮਵਾਰ, 20 ਅਕਤੂਬਰ 2025

ਅਬੋਹਰ ਦੇ ਕੈਨਵੇ ਕਾਲਜ ਵਿਖੇ ਦੀਵਾਲੀ ਕਾਰਜਸ਼ਾਲਾ ਦੌਰਾਨ ਜਾਣਕਾਰੀ ਦਿੰਦੇ ਬੁਲਾਰੇ। ਤਸਵੀਰ-ਸੁਖਜੀਤ ਸਿੰਘ ਬਰਾੜ

# ਕੈਨਵੇ ਕਾਲਜ 'ਚ ਦੀਵਾਲੀ 'ਤੇ ਕਾਰਜਸ਼ਾਲਾ ਲਗਾਈ

ਅਬੋਹਰ, 19 ਅਕਤੂਬਰ (ਸੁਖਜੀਤ ਸਿੰਘ ਬਰਾੜ)-ਸਥਾਨਕ ਕੈਨਵੇ ਕਾਲਜ ਆਫ਼ ਐਜੂਕੇਸ਼ਨ ਵਿਖੇ ਦੀਵਾਲੀ ਦੇ ਤਿਉਹਾਰ 'ਤੇ ਕਾਰਜਸ਼ਾਲਾ ਲਗਾਈ ਗਈ। ਇਸ ਕਾਰਜਸ਼ਾਲਾ ਦੌਰਾਨ ਇਸ ਤਿਉਹਾਰ ਦੇ ਸਬੰਧ ਵਿਚ ਪੋਸਟ, ਮੇਕਿੰਗ ਤੇ ਕੈਂਡਲ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਇਨ੍ਹਾਂ ਮੁਕਾਬਲਿਆਂ ਵਿਚ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਵਲੋਂ ਬਣਾਈਆਂ ਪੇਂਟਿੰਗ ਤੇ ਪੋਸਟਰ ਬਹੁਤ ਹੀ ਸ਼ਲਾਘਾਯੋਗ ਸਨ। ਸਮਾਪਤੀ 'ਤੇ ਕਾਲਜ ਦੇ ਪ੍ਰਿੰਸੀਪਲ ਸ੍ਰੀਮਤੀ ਸੁਸ਼ੀਲਾ ਨਾਰੰਗ ਨੇ ਵਿਦਿਆਰਥੀਆਂ ਤੇ ਸਟਾਫ਼ ਨੂੰ ਦੀਵਾਲੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਅਤੇ ਸਟਾਫ਼ ਨੂੰ ਅਪੀਲ ਕੀਤੀ ਕਿ ਜ਼ਿਆਦਾ ਪਟਾਕੇ ਚਲਾਉਣ ਦੀ ਬਜਾਏ ਗਰੀਨ ਦੀਵਾਲੀ ਮਨਾਓ ਤਾਂ ਕਿ ਵਾਤਾਵਰਨ ਦੂਸ਼ਿਤ ਨਾ ਹੋਵੇ। ਇਸ ਮੌਕੇ ਕਾਲਜ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਫ਼ਾਜ਼ਿਲਕਾ ਵਿਖੇ ਕਰਵਾਏ ਗਏ ਸਮਾਗਮ ਵਿਚ ਹਿੱਸਾ ਲੈਂਦੇ ਹੋਏ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੇ ਮੈਂਬਰ। ਅਜੀਤ ਤਸਵੀਰ

# ਆਯੁਰਵੈਦ ਦੇ ਪਿਤਾਮਾ ਸ੍ਰੀ ਧੰਨਵੰਤਰੀ ਨੂੰ ਕੀਤਾ ਯਾਦ

ਫ਼ਾਜ਼ਿਲਕਾ, 19 ਅਕਤੂਬਰ (ਅਮਰਜੀਤ ਸ਼ਰਮਾ)- ਧੰਨਵੰਤਰੀ ਦਿਵਸ ਮੌਕੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਫ਼ਾਜ਼ਿਲਕਾ ਵਲੋਂ ਆਯੁਰਵੈਦਿਕ ਦੇ ਪਿਤਾਮਾ ਸ੍ਰੀ ਧੰਨਵੰਤਰੀ ਦੀ ਆਰਤੀ ਤੇ ਪੂਜਾ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿਚ ਡਾਕਟਰ ਸਾਥੀਆਂ ਨੇ ਹਿੱਸਾ ਲਿਆ। ਇਸ ਮੌਕੇ ਜ਼ਿਲ੍ਹਾ ਕਮੇਟੀ ਦੇ ਪ੍ਰਧਾਨ ਡਾ.ਰਾਜ ਕ੍ਰਿਸ਼ਨ, ਡਾ. ਪ੍ਰਸ਼ੋਤਮ ਸ਼ਰਮਾ, ਬਲਾਕ ਪ੍ਰਧਾਨ ਡਾ. ਸੰਦੀਪ ਕੰਬੋਜ, ਚੇਅਰਮੈਨ ਡਾ.ਵਿਜੇ, ਖ਼ਜ਼ਾਨਚੀ ਡਾ.ਰੌਸ਼ਨ ਲਾਲ, ਪ੍ਰੈੱਸ ਸਕੱਤਰ ਡਾ.ਜਸਵੰਤ ਸਿੰਘ, ਉਪ ਪ੍ਰਧਾਨ ਡਾ.ਤਜਿੰਦਰ ਸ਼ਰਮਾ ਨੇ ਧੰਨਵੰਤਰੀ ਦਿਵਸ 'ਤੇ ਵਧਾਈ ਦਿੰਦੇ ਹੋਏ ਸਭ ਦੇ ਭਲੇ ਦੀ ਅਰਦਾਸ ਕੀਤੀ।

ਡੀ.ਐਸ. ਬਲੌਸਮ ਸਕੂਲ ਵਿਖੇ ਦੀਵਾਲੀ ਦੇ ਤਿਉਹਾਰ ਮੌਕੇ ਰੰਗੋਲੀ ਬਣਾਉਂਦੇ ਅਧਿਆਪਕ। ਤਸਵੀਰ: ਹਰਜੀਤ ਸਿੰਘ

# ਡੀ.ਐਸ. ਬਲੌਸਮ ਸਕੂਲ ਵਿਖੇ ਗਰੀਨ ਦੀਵਾਲੀ ਮਨਾਈ

ਮੋਗਾ, 19 ਅਕਤੂਬਰ (ਸੁਰਿੰਦਰਪਾਲ ਸਿੰਘ)-ਡੀ.ਐਸ. ਬਲੌਸਮ ਹਾਈ ਸਕੂਲ ਨਾਨਕ ਨਗਰੀ ਮੋਗਾ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਪ੍ਰਧਾਨ ਪ੍ਰੇਮ ਚੰਦ ਗੁਪਤਾ, ਡਾਇਰੈਕਟਰ ਮੇਜਰ ਸਤਿੰਦਰ ਸਿੰਘ, ਪ੍ਰਿੰਸੀਪਲ ਤੇਜਿੰਦਰ ਸਿੰਘ ਤੇ ਵਾਈਸ ਪ੍ਰਿੰਸੀਪਲ ਅਮਨਦੀਪ ਕੌਰ ਨੇ ਬੱਚਿਆਂ ਨੂੰ ਦੀਵਾਲੀ ਦੀ ਮਹੱਤਤਾ ਸਬੰਧੀ ਕਿਹਾ ਕਿ ਦੀਵਾਲੀ ਦਾ ਤਿਉਹਾਰ ਇਕ ਆਪਸੀ ਸਾਂਝ ਤੇ ਭਾਈਚਾਰਕ ਦਾ ਤਿਉਹਾਰ ਹੈ। ਇਹ ਤਿਉਹਾਰ ਹਿੰਦੂਆਂ ਤੇ ਸਿੱਖਾਂ ਦਾ ਸਾਂਝਾ ਤਿਉਹਾਰ ਹੈ। ਸਾਨੂੰ ਅਜਿਹੇ ਖ਼ੁਸ਼ੀਆਂ ਦੇ ਤਿਉਹਾਰ ਰਲ ਮਿਲ ਕੇ ਮਿਲਾਉਣੇ ਚਾਹੀਦੇ ਹਨ। ਉਨ੍ਹਾਂ ਨੇ ਬੱਚਿਆਂ ਨੂੰ ਕਿਹਾ ਕਿ ਇਸ ਦਿਨ ਪਟਾਕੇ ਨਾ ਚਲਾ ਕੇ ਸਗੋਂ ਇਕ ਬੂਟਾ ਲਗਾ ਕੇ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ। ਇਸ ਮੌਕੇ ਬੱਚਿਆਂ ਨੇ ਵੱਖ-ਵੱਖ ਤਰ੍ਹਾਂ ਦੀਆਂ ਰੰਗੋਲੀਆਂ ਤੇ ਦੀਵੇ ਬਣਾਏ। ਅੰਤ ਵਿਚ ਪ੍ਰਿੰਸੀਪਲ ਨੇ ਦੀਵਾਲੀ ਤੇ ਬੰਦੀ ਛੋੜ ਦਿਵਸ ਦੀ ਸਾਰੀਆਂ ਨੂੰ ਵਧਾਈ ਦਿੱਤੀ।

# ਦੀਵਾਲੀ ਦੇ ਮੌਕੇ ਖੱਤਰੀ ਸਭਾ ਵਲੋਂ ਵੰਡੇ ਗਏ 3100 ਮਿੱਟੀ ਦੇ ਦੀਵੇ

ਮੋਗਾ, 19 ਅਕਤੂਬਰ (ਅਸ਼ੋਕ ਬਾਂਸਲ)- ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਖੱਤਰੀ ਸਭਾ ਮੋਗਾ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 3100 ਮਿੱਟੀ ਦੇ ਦੀਵੇ ਵੰਡੇ ਗਏ। ਇਹ ਪ੍ਰੋਗਰਾਮ ਗੀਤਾ ਭਵਨ ਮੰਦਰ ਦੇ ਸਾਹਮਣੇ ਕਰਵਾਇਆ ਜਿਸ ਦੀ ਅਗਵਾਈ ਚੇਅਰਮੈਨ ਪਵਨ ਕੌੜਾ ਅਤੇ ਪ੍ਰਧਾਨ ਨਾਨਕ ਚੋਪੜਾ ਨੇ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਵਰਿੰਦਰ ਕੌੜਾ ਅਤੇ ਪ੍ਰਧਾਨ ਨਾਨਕ ਚੋਪੜਾ ਨੇ ਕਿਹਾ ਕਿ ਦੀਵਾਲੀ ਦੀਪਾਂ ਦਾ ਤਿਉਹਾਰ ਹੈ, ਜੋ ਸਦੀਆਂ ਤੋਂ ਮਿੱਟੀ ਦੇ ਦੀਵੇ ਜਲਾ ਕੇ ਮਨਾਈ ਜਾਂਦੀ ਹੈ ਅਤੇ ਸਾਰੇ ਸੰਸਾਰ ਨੂੰ ਰੌਸ਼ਨੀ ਨਾਲ ਪ੍ਰਕਾਸ਼ਮਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਚਾਹੀਦਾ ਹੈ ਕਿ ਚੀਨੀ ਲੜੀਆਂ ਦੀ ਥਾਂ ਸਥਾਨਕ ਕਾਰੀਗਰਾਂ ਵਲੋਂ ਬਣਾਏ ਮਿੱਟੀ ਦੇ ਦੀਵੇ ਜਲਾਏ ਜਾਣ, ਜਿਸ ਨਾਲ ਸਾਡੀ ਪਰੰਪਰਾ ਵੀ ਕਾਇਮ ਰਹੇਗੀ ਅਤੇ ਗ਼ਰੀਬ ਕਾਰੀਗਰਾਂ ਦੀ ਦੀਵਾਲੀ ਵੀ ਖ਼ੁਸ਼ੀਆਂ ਨਾਲ ਭਰਪੂਰ ਹੋਵੇਗੀ। ਇਸ ਮੌਕੇ ਚੇਅਰਮੈਨ ਪਵਨ ਕੌੜਾ, ਸਰਪ੍ਰਸਤ ਜਤਿੰਦਰ ਸਿੰਘ ਬੇਦੀ ਅਤੇ ਮਹਿਲਾ ਸੀ.ਵਾਈਸ ਪ੍ਰਧਾਨ ਗੀਤਾ ਨੰਦਾ ਆਰਿਆ ਨੇ ਦੱਸਿਆ ਕਿ ਇਸ ਦੀਵਾਲੀ 'ਤੇ ਖੱਤਰੀ ਸਭਾ ਵਲੋਂ ਮੰਦਰਾਂ ਅਤੇ ਸਲੱਮ ਬਸਤੀਆਂ ਵਿਚ ਦੀਵੇ ਜਲਾਉਣ ਅਤੇ ਗ਼ਰੀਬ ਬੱਚਿਆਂ ਵਿਚ ਮਿਠਾਈ ਵੰਡਣ ਦਾ ਪ੍ਰੋਗਰਾਮ ਵੀ ਕੀਤਾ ਜਾਵੇਗਾ। ਇਸ ਮੌਕੇ ਕੈਸ਼ੀਅਰ ਤਰਸੇਮ ਜੰਡ, ਵਾਈਸ ਪ੍ਰਧਾਨ ਵਿਜੈ ਧਵਨ, ਸ਼ਿਵ ਚੋਪੜਾ, ਪ੍ਰੋਜੈਕਟ ਇੰਚਾਰਜ ਸੋਨੂ ਧਵਨ, ਰਾਜ ਕੁਮਾਰ, ਲਵਲੀਨ ਜੰਡ, ਵਿਸ਼ਵ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਆਮ ਆਦਮੀ ਪਾਰਟੀ ਦੀ ਕਾਰਜ ਪ੍ਰਣਾਲੀ ਫ਼ੇਲ੍ਹ ਸਾਬਤ ਹੋਈ : ਜਾਖੜ/ ਪੂਨੀਆ

ਅਬੋਹਰ, 19 ਅਕਤੂਬਰ (ਤੇਜਿੰਦਰ ਸਿੰਘ ਖ਼ਾਲਸਾ)- ਸੀ.ਬੀ.ਆਈ. ਵਲੋਂ ਪੰਜਾਬ ਪੁਲਿਸ ਦੇ ਡੀ.ਆਈ.ਜੀ. ਨੂੰ ਰਿਸ਼ਵਤ ਲੈਂਦੇ ਰੰਗੇ ਹੱਥੀ ਕਾਬੂ ਕਰਨ ਦਾ ਮਾਮਲਾ ਸਾਹਮਣੇ ਆਉਣ ਉਪਰੰਤ ਪੰਜਾਬ ਵਿਚ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦੀ ਪੋਲ ਖੁੱਲ ਚੁੱਕੀ ਹੈ। ਉਕਤ ਸ਼ਬਦ ਬੱਲੂਆਣਾ ਕਾਂਗਰਸ ਦੇ ਬਲਾਕ ਪ੍ਰਧਾਨ ਸ਼ਪਿੰਦਰ ਸਿੰਘ ਜਾਖੜ ਤੇ ਬਹਾਵਵਾਲਾ ਬਲਾਕ ਪ੍ਰਧਾਨ ਰਜਿੰਦਰ ਪੂਨੀਆ ਨੇ ਗੱਲਬਾਤ ਕਰਦੇ ਹੋਏ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਦਾ ਹੋਕਾ ਦੇ ਕੇ ਸੱਤਾ ਵਿਚ ਆਈ ਆਮ ਆਦਮੀ ਪਾਰਟੀ ਦੇ ਕਾਰਜਕਾਲ ਦੌਰਾਨ ਲੀਡਰਾਂ ਤੋਂ ਇਲਾਵਾ ਅਧਿਕਾਰੀ ਵੀ ਭ੍ਰਿਸ਼ਟਾਚਾਰ ਦੇ ਮਾਮਲਿਆਂ 'ਚ ਫੜੇ ਜਾ ਰਹੇ ਹਨ, ਜਿਸ ਕਾਰਨ ਆਮ ਆਦਮੀ ਪਾਰਟੀ ਦੀ ਕਾਰਜ ਪ੍ਰਣਾਲੀ ਫ਼ੇਲ੍ਹ ਸਾਬਤ ਹੋਈ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਪੰਜਾਬ ਵਿਚੋਂ ਕਾਂਗਰਸ ਹਾਈਕਮਾਨ ਵਲੋਂ ਦੇਸ਼ ਭਰ ਵਿਚ ਸ਼ੁਰੂ ਕੀਤੀ ਵੋਟ ਚੋਰੀ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਤੇ ਲਗਾਤਾਰ ਭਾਰੀ ਗਿਣਤੀ ਵਿਚ ਫਾਰਮ ਭਰੇ ਜਾ ਰਹੇ ਹਨ ਜਿਸ ਤਹਿਤ ਕੇਂਦਰ ਦੀ ਭਾਰਤੀ ਜਨਤਾ ਪਾਰਟੀ ਸਰਕਾਰ ਦਾ ਵੀ ਵੋਟ ਚੋਰੀ ਕਰਨ ਦੇ ਮਾਮਲੇ 'ਚ ਪਰਦਾ ਬੇਨਕਾਬ ਹੋਇਆ ਹੈ ਅਤੇ ਹੁਣ ਲਗਾਤਾਰ ਸਮੁੱਚੇ ਦੇਸ਼ ਸਣੇ ਪੰਜਾਬ ਵਿਚ ਵੀ ਕਾਂਗਰਸ ਦਾ ਜਨ ਆਧਾਰ ਵਧਦਾ ਜਾ ਰਿਹਾ ਹੈ ਤੇ ਯਕੀਨਨ ਹੀ 2027 ਵਿਚ ਪੰਜਾਬ ਦੀ ਸੱਤਾ ਕਾਂਗਰਸ ਦੇ ਹੱਥਾਂ ਵਿਚ ਹੋਵੇਗੀ।

ਸ਼ਪਿੰਦਰ ਸਿੰਘ ਜਾਖੜ, ਰਾਜਿੰਦਰ ਪੂਨੀਆ।

# ਨਸ਼ਾ ਕਰਨ ਵਾਲੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ

ਫ਼ਾਜ਼ਿਲਕਾ, 19 ਅਕਤੂਬਰ (ਦਵਿੰਦਰ ਪਾਲ ਸਿੰਘ)- ਥਾਣਾ ਸਿਟੀ ਪੁਲਿਸ ਨੇ ਚਿੱਟੇ ਦਾ ਨਸ਼ਾ ਕਰਨ ਵਾਲੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਓਮ ਪ੍ਰਕਾਸ਼ ਨੇ ਦੱਸਿਆ ਕਿ 18 ਅਕਤੂਬਰ ਨੂੰ ਉਹ ਪੁਲਿਸ ਪਾਰਟੀ ਸਮੇਤ ਗਸ਼ਤ ਦੇ ਸਬੰਧ ਵਿਚ ਮਲੋਟ ਰੋਡ ਬਾਈਪਾਸ ਅਬੋਹਰ 'ਤੇ ਰੇਲਵੇ ਲਾਈਨ ਪੁਲ ਦੇ ਥੱਲੇ ਪੁੱਜੇ ਤਾਂ ਸਾਹਮਣੇ ਤੋਂ ਇੱਕ ਨੌਜਵਾਨ ਆਉਂਦਾ ਦਿਖਾਈ ਦਿੱਤਾ। ਜੋ ਪੁਲਿਸ ਪਾਰਟੀ ਨੂੰ ਦੇਖ ਕੇ ਇਕਦਮ ਘਬਰਾ ਕੇ ਆਪਣੇ ਹੱਥ 'ਚ ਫੜੀ ਚੀਜ਼ ਸੁੱਟ ਦਿੱਤੀ ਜਿਸ ਨੂੰ ਸ਼ੱਕ ਦੀ ਬਿਨ੍ਹਾ 'ਤੇ ਕਾਬੂ ਕਰਨ ਤੇ ਉਸ ਕੋਲੋਂ 3 ਗਰਾਮ ਹੈਰੋਇੰਨ ਬਰਾਮਦ ਹੋਈ ਜਿਸ ਤੋਂ ਬਾਅਦ ਪੁਲਿਸ ਨੇ ਉਕਤ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।

# ਬੱਚਿਆਂ ਨੂੰ ਹਰੀ ਦੀਵਾਲੀ ਮਨਾਉਣ ਲਈ ਪ੍ਰੇਰਿਤ ਕਰਨ ਦੀ ਲੋੜ-ਤੇਜਿੰਦਰ ਸਿੰਘ ਜਸ਼ਨ

ਮੋਗਾ, 18 ਅਕਤੂਬਰ (ਸੁਰਿੰਦਰਪਾਲ ਸਿੰਘ)-ਲੈਕਚਰਾਰ ਤੇਜਿੰਦਰ ਸਿੰਘ ਜਸ਼ਨ ਸਟੇਟ ਅਵਾਰਡੀ ਨੇ ਦੀਵਾਲੀ ਦੇ ਖ਼ੁਸ਼ੀਆਂ ਭਰੇ ਤਿਉਹਾਰ ਨੂੰ 'ਹਰੀ ਦੀਵਾਲੀ' ਵਜੋਂ ਮਨਾਉਣ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਜਦੋਂ ਸਾਡੇ ਦੇਸ਼ ਵਿਚ ਪ੍ਰਦੂਸ਼ਣ ਸਭ ਹੱਦਾਂ ਬੰਨੇ ਟੱਪ ਚੁੱਕਾ ਹੈ ਅਤੇ ਹਵਾਵਾਂ ਵਿਚ ਘੁਲ਼ੀ ਜ਼ਹਿਰ ਕਾਰਨ ਲੋਕ ਕੈਂਸਰ ਵਰਗੀਆਂ ਨਾਮੁਰਾਦ ਬਿਮਾਰੀਆਂ ਨਾਲ ਜੂਝ ਰਹੇ ਨੇ ਅਜਿਹੇ ਵਕਤ ਸਾਡਾ ਸਭ ਦਾ ਫ਼ਰਜ਼ ਬਣਦਾ ਹੈ ਕਿ ਅਸੀਂ ਖ਼ੁਦ ਵੀ ਪਟਾਕਿਆਂ ਤੋਂ ਗੁਰੇਜ਼ ਕਰੀਏ ਅਤੇ ਬੱਚਿਆਂ ਨੂੰ ਵੀ ਪਟਾਕੇ ਚਲਾਉਣ ਤੋਂ ਵਰਜਦਿਆਂ ਰੰਗੋਲੀ ਸਜਾਉਣ, ਪੌਦੇ ਲਗਾਉਣ ਅਤੇ ਘਰ ਵਿਚ ਹੀ ਤਿਆਰ ਕੀਤੀਆਂ ਮਠਿਆਈਆਂ ਦੀ ਭਰਪੂਰ ਵਰਤੋਂ ਕਾਰਨ ਲਈ ਪ੍ਰੇਰਿਤ ਕਰੀਏ। ਉਨ੍ਹਾਂ ਡਿਪਟੀ ਕਮਿਸ਼ਨਰ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦੀ ਵੀ ਅਪੀਲ ਕੀਤੀ। ਤੇਜਿੰਦਰ ਸਿੰਘ ਜਸ਼ਨ ਨੇ ਆਮ ਲੋਕਾਂ ਨੂੰ ਬੇਲੋੜੀ ਖ਼ਰੀਦਦਾਰੀ ਤੋਂ ਬਚਣ ਅਤੇ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਦੇਸੀ ਵਸਤੂਆਂ ਖ਼ਾਸ ਕਰ ਮਿੱਟੀ ਦੇ ਦੀਵੇ ਅਤੇ ਹਟੜੀਆਂ ਆਦਿ ਖ਼ਰੀਦਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਤਿਉਹਾਰ ਨੂੰ ਸੁਰੱਖਿਅਤ ਅਤੇ ਸੁਚੇਤ ਢੰਗ ਨਾਲ ਮਨਾਉਣ ਦੇ ਨਾਲ-ਨਾਲ ਮਿਲਾਵਟੀ ਸਾਮਾਨ ਤੋਂ ਬਚਣ ਅਤੇ ਖ਼ੁਸ਼ਹਾਲ ਜੀਵਨ ਸ਼ੈਲੀ ਅਪਣਾਉਣ ਦਾ ਅਹਿਦ ਲੈਣ ਦੀ ਵੀ ਲੋੜ ਹੈ।

ਲੈਕਚਰਾਰ ਤੇਜਿੰਦਰ ਸਿੰਘ ਜਸ਼ਨ ਸਟੇਟ ਅਵਾਰਡੀ

ਇਲਾਕੇ ਦੇ ਸਰਪੰਚ ਮੀਡੀਆ ਵਿੰਗ ਦੇ ਵਾਈਸ ਕੋਆਰਡੀਨੇਟਰ ਸਰਪੰਚ ਭਜਨ ਲਾਲ ਨੂੰ ਗੁਲਦਸਤਾ ਭੇਟ ਕਰਦੇ ਹੋਏ। ਤਸਵੀਰ-ਜਸਮੇਲ ਸਿੰਘ ਢੱਲੋਂ

# ਇਲਾਕੇ ਦੇ ਸਰਪੰਚਾਂ ਵਲੋਂ ਭਜਨ ਲਾਲ ਬੱਲੂਆਣਾ ਸਨਮਾਨਿਤ

ਬੱਲੂਆਣਾ, 19 ਅਕਤੂਬਰ (ਜਸਮੇਲ ਸਿੰਘ ਢਿੱਲੋਂ)- ਸਰਪੰਚ ਭਜਨ ਲਾਲ ਨੂੰ ਆਮ ਆਦਮੀ ਪਾਰਟੀ ਹਾਈਕਮਾਂਡ ਵਲੋਂ ਹਲਕਾ ਬੱਲੂਆਣਾ ਦਾ ਵਾਈਸ ਕੋਆਰਡੀਨੇਟਰ ਨਿਯੁਕਤ ਕਰਨ 'ਤੇ ਇਲਾਕੇ ਦੇ ਸਰਪੰਚਾਂ ਵਲੋਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਕੁੱਝ ਦਿਨ ਪਹਿਲਾਂ ਆਮ ਆਦਮੀ ਪਾਰਟੀ ਦੀ ਹਾਈਕਮਾਂਡ ਵਲੋਂ ਸਰਪੰਚ ਭਜਨ ਲਾਲ ਨੂੰ ਉਨ੍ਹਾਂ ਦੀ ਪਾਰਟੀ ਪ੍ਰਤੀ ਚੰਗੀ ਕਾਰਗੁਜ਼ਾਰੀ ਨੂੰ ਦੇਖਦਿਆਂ ਵਿਧਾਨ ਸਭਾ ਹਲਕਾ ਬੱਲੂਆਣਾ ਦਾ ਮੀਡੀਆ ਵਿੰਗ ਦਾ ਵਾਈਸ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਸੀ ਜਿਸ ਤਹਿਤ ਅੱਜ ਬੱਲੂਆਣਾ ਹਲਕੇ ਦੇ ਸਰਪੰਚ ਭਾਰੀ ਗਿਣਤੀ 'ਚ ਉਨ੍ਹਾਂ ਦੇ ਦਫ਼ਤਰ ਬੱਲੂਆਣਾ ਵਿਖੇ ਪੁੱਜੇ ਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸਰਪੰਚ ਭਜਨ ਲਾਲ ਨੇ ਸਮੂਹ ਸਰਪੰਚਾਂ ਨੂੰ ਜੀ ਆਇਆ ਕਿਹਾ 'ਤੇ ਉਨ੍ਹਾਂ ਦਾ ਧੰਨਵਾਦ ਵੀ ਕੀਤਾ।

# ਮਾਤਾ ਗੁਜਰੀ ਪਬਲਿਕ ਸਕੂਲ 'ਚ ਧੂਮਧਾਮ ਨਾਲ ਮਨਾਇਆ ਦੀਵਾਲੀ ਦਾ ਤਿਉਹਾਰ

ਜਲਾਲਾਬਾਦ ਦੇ ਮਾਤਾ ਗੁਜਰੀ ਸਕੂਲ ਦੇ ਹੋਣਹਾਰ ਵਿਦਿਆਰਥੀ ਪ੍ਰੋਗਰਾਮ 'ਚ ਭਾਗ ਲੈਣ ਮੌਕੇ। ਅਜੀਤ ਤਸਵੀਰ

ਜਲਾਲਾਬਾਦ, 19 ਅਕਤੂਬਰ (ਕਰਨ ਚੁਚਰਾ)- ਮਾਤਾ ਗੁਜਰੀ ਪਬਲਿਕ ਸਕੂਲ ਦੇ ਬੱਚੇ ਅੱਜ ਹਰ ਖੇਤਰ 'ਚ ਮੱਲ੍ਹਾਂ ਮਾਰ ਕੇ ਸਕੂਲ ਤੇ ਮਾਪਿਆਂ ਦਾ ਨਾਂਅ ਰੌਸ਼ਨ ਕਰ ਰਹੇ ਹਨ। ਸਕੂਲ 'ਚ ਹਰ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਇਸ ਦੇ ਚੱਲਦੇ ਹੀ ਪਿਛਲੇ ਦਿਨੀਂ ਸਕੂਲ ਵਿਚ ਦੀਵਾਲੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿਚ ਵਿਦਿਆਰਥੀਆਂ ਨੇ ਬਹੁਤ ਸੁੰਦਰ ਰੰਗੋਲੀਆਂ ਬਣਾਈਆਂ। ਵਿਦਿਆਰਥੀਆਂ ਨੇ ਬਹੁਤ ਸੋਹਣੇ ਦੀਵੇ ਆਪਣੇ ਹੱਥਾਂ ਨਾਲ ਸਜਾਏ ਤੇ ਸਕੂਲ ਨੂੰ ਲੜੀਆਂ ਨਾਲ ਵਿਦਿਆਰਥੀਆਂ ਨੇ ਸਜਾਇਆ। ਸਕੂਲ ਪ੍ਰਿੰਸੀਪਲ ਮੈਡਮ ਪਰਵਿੰਦਰਜੀਤ ਕੌਰ ਤੇ ਮੈਡਮ ਅਨੁਪ੍ਰੀਤ ਨੇ ਆਪਣੇ ਸਟਾਫ਼ ਮੈਂਬਰਾਂ ਤੇ ਕਰਮਚਾਰੀਆਂ ਨੂੰ ਦੀਵਾਲੀ ਦੇ ਬਹੁਤ ਸੁੰਦਰ ਤੋਹਫ਼ੇ ਦੇ ਕੇ ਉਨ੍ਹਾਂ ਦੇ ਘਰ 'ਚ ਖ਼ੁਸ਼ੀਆਂ ਭਰੀ ਦੀਵਾਲੀ ਆਉਣ ਦੀ ਕਾਮਨਾ ਕੀਤੀ। ਪ੍ਰਿੰਸੀਪਲ ਮੈਡਮ ਪਰਵਿੰਦਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਧਰਤੀ 'ਤੇ ਵੱਧ ਰਹੇ ਪ੍ਰਦੂਸ਼ਣ ਨੂੰ ਦੇਖਦੇ ਹੋਏ ਸਾਨੂੰ ਦੀਵਾਲੀ 'ਤੇ ਘੱਟ ਤੋਂ ਘੱਟ ਪ੍ਰਦੂਸ਼ਣ ਫੈਲਾਉਣ ਵਾਲੇ ਪਟਾਕੇ ਚਲਾਉਣੇ ਚਾਹੀਦੇ ਹਨ।

# ਪਿੰਡ ਸੇਖਾ ਕਲਾਂ ਵਿਖੇ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੈਡੀਕਲ ਕੈਂਪ ਵਿਚ 530 ਮਰੀਜ਼ਾਂ ਦੀ ਜਾਂਚ

## 35 ਮਰੀਜ਼ਾਂ ਨੂੰ ਪ